# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 15-09-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਇੰਜੀਨੀਅਰ ਦਿਵਸ ਦੇ ਮੌਕੇ 'ਤੇ ਭਾਰਤ ਰਤਨ ਐਮ. ਵਿਸ਼ਵੇਸ਼ਵਰੱਈਆ ਨੂੰ ਸ਼ਰਧਾਂਜਲੀ ਭੇਟ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਸ੍ਰੀ ਮੋਦੀ ਨੇ ਕਿਹਾ ਕਿ ਸ੍ਰੀ ਵਿਸ਼ਵੇਸ਼ਵਰੱਈਆ ਦੀ ਪ੍ਰਤਿਭਾ ਨੇ ਭਾਰਤ ਦੇ ਇੰਜੀਨੀਅਰਿੰਗ ਦ੍ਰਿਸ਼ 'ਤੇ ਇੱਕ ਅਮਿੱਟ ਛਾਪ ਛੱਡੀ ਏ। ਉਨ੍ਹਾਂ ਕਿਹਾ ਕਿ ਇੰਜੀਨੀਅਰ ਵਿਕਸਿਤ ਭਾਰਤ ਬਣਾਉਣ ਦੇ ਸਮੂਹਿਕ ਯਤਨਾਂ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਰਹਿਣਗੇ। ਪ੍ਰਧਾਨ ਮੰਤਰੀ ਨੇ ਉਨ੍ਹਾਂ ਸਾਰੇ ਇੰਜੀਨੀਅਰਾਂ ਨੂੰ ਸ਼ੁਭਕਾਮਨਾਵਾਂ ਵੀ ਦਿੱਤੀਆਂ, ਜੋ ਆਪਣੀ ਸਿਰਜਣਾਤਮਕਤਾ ਅਤੇ ਦ੍ਰਿੜਤਾ ਰਾਹੀਂ, ਨਵੀਨਤਾ ਨੂੰ ਅੱਗੇ ਵਧਾਉਂਦੇ ਰਹਿੰਦੇ ਨੇ ਅਤੇ ਵੱਖ-ਵੱਖ ਖੇਤਰਾਂ ਵਿੱਚ ਮੁਸ਼ਕਲ ਚੁਣੌਤੀਆਂ ਦਾ ਸਾਹਮਣਾ ਕਰਦੇ ਰਹਿੰਦੇ ਨੇ।

---

ਕੇਂਦਰੀ ਪੇਂਡੂ ਵਿਕਾਸ ਰਾਜ ਮੰਤਰੀ ਕਮਲੇਸ਼ ਪਾਸਵਾਨ ਨੇ ਕਿਹੈ ਕਿ ਮਨਰੇਗਾ ਅਧੀਨ ਕੰਮ ਕਰ ਰਹੇ ਪੰਜਾਬ ਦੇ ਹੜ੍ਹ ਪੀੜਤਾਂ ਨੂੰ 100 ਦਿਨਾਂ ਦੇ ਕੰਮ ਦੀ ਗਰੰਟੀ ਤੋਂ ਇਲਾਵਾ 50 ਦਿਨ ਹੋਰ ਕੰਮ ਦਿੱਤਾ ਜਾਵੇਗਾ। ਸ੍ਰੀ ਪਾਸਵਾਨ ਨੇ ਕੱਲ੍ਹ ਅਜਨਾਲਾ ਸਮੇਤ ਅੰਮ੍ਰਿਤਸਰ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ। ਉਨ੍ਹਾਂ ਕਿਹਾ ਕਿ ਹੜ੍ਹ ਵਿੱਚ ਨੁਕਸਾਨੇ ਗਏ ਸਾਰੇ ਘਰਾਂ ਨੂੰ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਸਹਾਇਤਾ ਦਿੱਤੀ ਜਾਵੇਗੀ। ਪ੍ਰਧਾਨ ਮੰਤਰੀ ਗ੍ਰਾਮੀਣ ਸੜਕ ਯੋਜਨਾ ਤਹਿਤ ਸੜਕਾਂ ਦੀ ਮੁੜ ਉਸਾਰੀ ਕੀਤੀ ਜਾਵੇਗੀ। ਕੇਂਦਰੀ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਪੰਜਾਬ ਅਤੇ ਇਸ ਦੇ ਲੋਕਾਂ ਨੂੰ ਧਿਆਨ ਵਿੱਚ ਰੱਖ ਰਹੇ ਨੇ ਅਤੇ ਆਪਣੇ ਮੰਤਰੀਆਂ ਨੂੰ ਰਾਜ ਦੇ ਲੋਕਾਂ ਨਾਲ ਗੱਲਬਾਤ ਕਰਨ ਅਤੇ ਸਥਿਤੀ ਦਾ ਜਾਇਜ਼ਾ ਲੈਣ ਤੋਂ ਬਾਅਦ ਪੂਰਾ ਸਮਰਥਨ ਦੇਣ ਲਈ ਭੇਜ ਰਹੇ ਨੇ। ਉਨ੍ਹਾਂ ਕਿਹਾ ਕਿ 1600 ਕਰੋੜ ਰੁਪਏ ਦੇ ਹੜ੍ਹ ਰਾਹਤ ਪੈਕੇਜ ਤੋਂ ਇਲਾਵਾ, ਕੇਂਦਰ ਪ੍ਰਧਾਨ ਮੰਤਰੀ ਰਾਹਤ ਫੰਡ ਤੋਂ ਰਾਜ ਨੂੰ ਹੋਰ ਫੰਡ ਵੀ ਦੇਵੇਗਾ। ਉਨ੍ਹਾਂ ਕਿਹਾ ਕਿ ਕੇਂਦਰ ਪੰਜਾਬ ਦੇ ਨਾਲ ਖੜ੍ਹਾ ਏ ਅਤੇ ਹੜ੍ਹਾਂ ਕਾਰਨ ਹੋਏ ਨੁਕਸਾਨ ਦਾ ਪੂਰਾ ਮੁਲਾਂਕਣ ਕਰਨ ਤੋਂ ਬਾਅਦ ਰਾਜ ਸਰਕਾਰ ਨੂੰ ਹਰ ਸੰਭਵ ਮਦਦ ਪ੍ਰਦਾਨ ਕੀਤੀ ਜਾਵੇਗੀ।

---------------------------------------------------

ਦੂਰਦਰਸ਼ਨ ਅੱਜ ਆਪਣੀ ਸ਼ਾਨਦਾਰ ਯਾਤਰਾ ਦੇ 66 ਸਾਲ ਪੂਰੇ ਕਰ ਰਿਹਾ ਏ। ਭਾਰਤ ਵਿੱਚ ਪ੍ਰਸਾਰਣ ਯੁੱਗ 15 ਸਤੰਬਰ 1959 ਨੂੰ ਦੂਰਦਰਸ਼ਨ ਨਾਲ ਸ਼ੁਰੂ ਹੋਇਆ ਸੀ। ਸਾਬਕਾ ਰਾਸ਼ਟਰਪਤੀ ਰਾਜੇਂਦਰ ਪ੍ਰਸਾਦ ਨੇ ਇਸ ਦਿਨ ਪਹਿਲੇ ਪ੍ਰਸਾਰਣ ਦਾ ਉਦਘਾਟਨ ਕੀਤਾ ਸੀ। 1975 ਤੱਕ, ਦੂਰਦਰਸ਼ਨ ਆਕਾਸ਼ਵਾਣੀ ਦਾ ਹਿੱਸਾ ਸੀ। ਬਾਅਦ ਵਿੱਚ 1 ਅਪ੍ਰੈਲ 1976 ਨੂੰ, ਇਹ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਇੱਕ ਵੱਖਰੇ ਵਿਭਾਗ ਵਜੋਂ ਉਭਰਿਆ। ਅੱਜ, ਦੂਰਦਰਸ਼ਨ ਭਾਰਤ ਦਾ ਸਭ ਤੋਂ ਵੱਡਾ ਪ੍ਰਸਾਰਣ ਸੰਸਥਾਨ ਏ ਜਿਸ ਕੋਲ ਸਟੂਡੀਓ ਅਤੇ ਟ੍ਰਾਂਸਮੀਟਰਾਂ ਦਾ ਵਿਸ਼ਾਲ ਨੈੱਟਵਰਕ ਏ। ਇਹ ਟੈਲੀਵਿਜ਼ਨ, ਔਨਲਾਈਨ ਅਤੇ ਮੋਬਾਈਲ ਸੇਵਾਵਾਂ ਪ੍ਰਦਾਨ ਕਰਦਾ ਏ, ਜੋ ਕਿ ਮਹਾਂਨਗਰੀ ਅਤੇ ਖੇਤਰੀ ਦੇ ਨਾਲ-ਨਾਲ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਦਰਸ਼ਕਾਂ ਤੱਕ ਪਹੁੰਚਦੀਆਂ ਨੇ।

-----------------------------------------------------

ਅੱਜ, ਇੱਕ ਵਿਸ਼ੇਸ਼ ਲੜੀ - "ਸੇਵਾ ਪਰਵ" ਵਿੱਚ, ਜਲੰਧਰ ਦੀ ਖੇਤਰੀ ਸਮਾਚਾਰ ਇਕਾਈ , ਪੇਸ਼ ਕਰ ਰਹੀ ਏ 'ਆਤਮ-ਨਿਰਭਰ ਭਾਰਤ' ਬਾਰੇ ਇਕ 'ਵਿਚਾਰ ਚਰਚਾ' । ਤੁਸੀਂ ਇਸ ਵਿਚਾਰ ਚਰਚਾ ਨੂੰ ‘ਆਕਾਸ਼ਵਾਣੀ ਦੇ ਪ੍ਰਾਇਮਰੀ ਚੈਨਲ 873 ਮੈਗਾ ਹਾਰਟਜ਼, FM

100.8, FM 100.9MHZ ਅਤੇ ਪ੍ਰਸਾਰ ਭਾਰਤੀ ਦੀ ਮੋਬਾਈਲ ਐਪ “NEWSONAIR” –ਆਕਾਸ਼ਵਾਣੀ -ਪੰਜਾਬੀ 'ਤੇ ਰਾਤ 8 ਵਜੇ ਸੁਣ ਸਕਦੇ ਹੋ।

---------------------------------------------------------

ਪੰਜਾਬ ਵਿਚ ਆਏ ਹੜ੍ਹਾਂ ਨਾਲ ਪ੍ਰਭਾਵਿਤ ਪਰਿਵਾਰਾਂ ਲਈ ਪੰਜਾਬ ਸਰਕਾਰ ਵੱਲੋਂ ਤੁਰੰਤ ਪ੍ਰਭਾਵ ਨਾਲ 50 ਪਰਿਵਾਰਾਂ ਨੂੰ 2 ਕਰੋੜ ਰੁਪਏ ਦੇ ਮੁਆਵਜਾ ਦਿੱਤਾ ਜਾ ਚੁੱਕਾ ਏ। ਸੂਬੇ ਦੇ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਭਿਆਨਕ ਹੜਾਂ ਕਾਰਨ ਪੰਜਾਬ ਵਿੱਚ 56 ਕੀਮਤੀ ਜਾਨਾਂ ਗਈਆਂ ਨੇ ਅਤੇ ਇਨਾਂ ਵਿੱਚੋਂ 50 ਪਰਿਵਾਰਾਂ ਨੂੰ ਮੁਆਵਜਾ ਦਿੱਤਾ ਜਾ ਚੁੱਕਾ ਏ ਜਦੋਂ ਕਿ ਬਾਕੀ 6 ਪਰਿਵਾਰਾਂ ਨੂੰ ਵੀ ਜਲਦੀ ਹੀ ਮੁਆਵਜ਼ਾ ਦੇ ਦਿੱਤਾ ਜਾਵੇਗਾ। ਮੰਤਰੀ ਨੇ ਕਿਹਾ ਕਿ ਗਿਰਦਾਵਰੀ ਦਾ ਕੰਮ ਸ਼ੁਰੂ ਹੋ ਗਿਆ ਏ ਅਤੇ ਇਹ ਜਲਦੀ ਤੋਂ ਜਲਦੀ ਪੂਰਾ ਹੋ ਜਾਵੇਗਾ। ਹੜ ਪ੍ਰਭਾਵਿਤ ਵਿਅਕਤੀਆਂ ਨੂੰ ਉਨਾਂ ਦੇ ਨੁਕਸਾਨ ਲਈ ਪੂਰਾ ਮੁਆਵਜਾ ਦਿੱਤਾ ਜਾਵੇਗਾ। ਸੂਬੇ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਸਰਕਾਰ ਨੇ ਪੰਜਾਬ ਦੇ ਪੇਂਡੂ ਇਲਾਕਿਆਂ ਵਿੱਚ ਹੜ ਰਾਹਤ ਅਤੇ ਮੁੜ ਵਸੇਬਾ ਪ੍ਰੋਗਰਾਮ ਸੁਰੂ ਕੀਤਾ ਏ। ਮਲਬੇ ਦੀ ਸਫਾਈ ਅਤੇ ਪਸ਼ੂਆਂ

ਦੀਆਂ **ਲਾਸ਼ਾਂ** ਦੇ ਨਿਪਟਾਰੇ ਦਾ ਕੰਮ 24 ਸਤੰਬਰ ਤੱਕ ਪੂਰਾ ਕਰ ਲਿਆ ਜਾਵੇਗਾ। ਉਨਾਂ ਕਿਹਾ ਕਿ ਹੜ ਪ੍ਰਭਾਵਿਤ ਖੇਤਰਾਂ ਵਿੱਚ ਹਾਲਾਤ ਆਮ ਵਰਗੇ ਕਰਨ ਦੇ ਉਦੇਸ਼ ਨਾਲ ਪੰਜਾਬ ਸਰਕਾਰ ਨੇ 2300 ਹੜ ਪ੍ਰਭਾਵਿਤ ਪਿੰਡਾਂ ਵਿੱਚ ਸਫਾਈ ਲਈ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਏ।

ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਨੋਡਲ ਅਫਸਰ ਤਾਇਨਾਤ ਕੀਤੇ ਗਏ ਨੇ ਤਾਂ ਜੋ ਸਫਾਈ ਦਾ ਕੰਮ ਤੇਜੀ ਨਾਲ ਹੋ ਸਕੇ। ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਹੜ ਪ੍ਰਭਾਵਿਤ ਵਿਅਕਤੀਆਂ ਦੀ ਜਾਂਚ ਲਈ ਮੈਡੀਕਲ ਟੀਮਾਂ ਬਣਾਈਆਂ ਗਈਆਂ ਨੇ ਅਤੇ ਕਿਸੇ ਵੀ ਬਿਮਾਰੀ ਦੇ ਫੈਲਾਅ ਨੂੰ ਰੋਕਣ ਲਈ ਪੰਜਾਬ ਸਰਕਾਰ ਵੱਲੋਂ ਠੋਸ ਯਤਨ ਕੀਤੇ ਜਾ ਰਹੇ ਨੇ।

---------------------------------------------------------

ਪੰਜਾਬ ਵਿੱਚ ਆਪਣੀ ਕਿਸਮ ਦੇ ਪਹਿਲੇ ਅਤੇ ਵਿਲੱਖਣ ਢਾਂਚਾਗਤ ਵਿਕਾਸ ਨੂੰ ਰੂਪਮਾਨ ਕਰਦਿਆਂ ਸੂਬੇ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਸੁਨਾਮ ਵਿਧਾਨ ਸਭਾ ਹਲਕੇ ਦੇ ਚੀਮਾ ਮੰਡੀ ਵਿਖੇ ਖੇਡ ਕੰਪਲੈਕਸ ਨਾਲ ਲੈਸ ਅਤਿ ਆਧੁਨਿਕ ਬੱਸ ਸਟੈਂਡ ਲੋਕਾਂ ਨੂੰ ਸਮਰਪਿਤ ਕੀਤਾ ਏ। ਇਸ ਮੌਕੇ ਸ੍ਰੀ ਅਰੋੜਾ ਨੇ ਕਿਹਾ ਕਿ ਇਹ ਅਤਿ-ਆਧੁਨਿਕ ਬੱਸ ਸਟੈਂਡ ਬੁਨਿਆਦੀ ਢਾਂਚੇ ਨੂੰ ਇੱਕ ਜੀਵੰਤ ਕਮਿਊਨਿਟੀ ਹੱਬ ਵਜੋਂ

ਮੁੜ ਪਰਿਭਾਸ਼ਤ ਕਰਦਾ ਏ, ਜੋ ਸਿਰਫ ਇੱਕ ਆਵਾਜਾਈ ਸਹੂਲਤ ਤੋਂ ਪਰੇ ਏ। ਉਨ੍ਹਾਂ ਕਿਹਾ ਕਿ ਖੇਡ ਸਹੂਲਤਾਂ ਨਾਲ ਲੈਸ ਇਹ ਆਪਣੀ ਕਿਸਮ ਦਾ ਪਹਿਲਾ ਬੱਸ ਸਟੈਂਡ ਮਾਡਲ ਵਜੋਂ ਜਨਤਾ ਨੂੰ ਇਸ ਦੀ ਵੱਧ ਤੋਂ ਵੱਧ ਵਰਤੋਂ ਕਰਨ ਅਤੇ ਨੌਜਵਾਨਾਂ ਨੂੰ ਸਸ਼ਕਤ ਬਣਾਉਣ ਲਈ ਤਿਆਰ ਕੀਤਾ ਗਿਆ ਏ।

---------------------------------------------------------------

ਏਸ਼ੀਆ ਕੱਪ ਟੀ-20 ਕ੍ਰਿਕਟ ਵਿੱਚ ਭਾਰਤ ਨੇ ਪਾਕਿਸਤਾਨ ਨੂੰ ਸੱਤ ਵਿਕਟਾਂ ਨਾਲ ਹਰਾ ਦਿੱਤਾ ਏ। ਇਸ ਜਿੱਤ ਨਾਲ ਭਾਰਤ ਦੇ ਸੁਪਰ ਫੋਰ ਵਿੱਚ ਪਹੁੰਚਣ ਦੀਆਂ ਸੰਭਾਵਨਾਵਾਂ ਵਧ ਗਈਆਂ ਨੇ। ਕੱਲ੍ਹ ਦੁਬਈ ਵਿੱਚ ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਦਿਆਂ ਪਾਕਿਸਤਾਨੀ ਟੀਮ ਨੇ 20 ਓਵਰਾਂ ਵਿੱਚ 9 ਵਿਕਟਾਂ ’ਤੇ 126 ਦੌੜਾਂ ਬਣਾਈਆਂ। ਭਾਰਤ ਵੱਲੋਂ ਕੁਲਦੀਪ ਯਾਦਵ ਨੇ ਤਿੰਨ ਵਿਕਟਾਂ, ਜਸਪ੍ਰੀਤ ਬੁਮਰਾਹ ਅਤੇ ਅਕਸਰ ਪਟੇਲ ਨੇ ਦੋ-ਦੋ ਵਿਕਟਾਂ ਲਈਆਂ। ਜਵਾਬ ਵਿੱਚ, ਭਾਰਤ ਨੇ ਸਿਰਫ਼ 15.5 ਓਵਰਾਂ ਵਿਚ ਤਿੰਨ ਵਿਕਟਾਂ ਗੁਆ ਕੇ ਮੈਚ ਜਿੱਤ ਲਿਆ। ਤਿਲਕ ਵਰਮਾ ਅਤੇ ਅਭਿਸ਼ੇਕ ਸ਼ਰਮਾ ਨੇ 31-31 ਅਤੇ ਕਪਤਾਨ ਸੂਰਿਆਕੁਮਾਰ ਯਾਦਵ ਨੇ ਅਜੇਤੂ 47 ਦੌੜਾਂ ਬਣਾਈਆਂ। ਭਾਰਤ ਦਾ ਅਗਲਾ ਮੈਚ ਕੱਲ੍ਹ ਹਾਂਗਕਾਂਗ ਵਿਰੁੱਧ ਹੋਵੇਗਾ।